ਮਲਾਰ ਮਹਲਾ ੫ ॥ ਗੁਰ ਕੇ ਚਰਨ ਹਿਰਦੈ ਵਸਾਏ ॥ ਕਰਿ ਕਿਰਪਾ ਪ੍ਰਭਿ ਆਪਿ ਮਿਲਾਏ ॥ ਅਪਨੇ ਸੇਵਕ ਕਉ ਲਏ ਪ੍ਰਭੁ ਲਾਇ ॥ ਤਾ ਕੀ ਕੀਮਤਿ ਕਹੀ ਨ ਜਾਇ ॥੧॥ ਕਰਿ ਕਿਰਪਾ ਪੂਰਨ ਸੁਖਦਾਤੇ ॥ ਤੁਮ੍ਹ੍ਹਰੀ ਕ੍ਰਿਪਾ ਤੇ ਤੂੰ ਚਿਤਿ ਆਵਹਿ ਆਠ ਪਹਰ ਤੇਰੈ ਰੰਗਿ ਰਾਤੇ ॥੧॥ ਰਹਾਉ ॥ ਗਾਵਣੁ ਸੁਨਣੁ ਸਭੁ ਤੇਰਾ ਭਾਣਾ ॥ ਹੁਕਮੁ ਬੂਝੈ ਸੋ ਸਾਚਿ ਸਮਾਣਾ ॥ ਜਪਿ ਜਪਿ ਜੀਵਹਿ ਤੇਰਾ ਨਾਂਉ ॥ ਤੁਝ ਬਿਨੁ ਦੂਜਾ ਨਾਹੀ ਥਾਉ ॥੨॥ ਦੁਖ ਸੁਖ ਕਰਤੇ ਹੁਕਮੁ ਰਜਾਇ ॥ ਭਾਣੈ ਬਖਸ ਭਾਣੈ ਦੇਇ ਸਜਾਇ ॥ ਦੁਹਾਂ ਸਿਰਿਆਂ ਕਾ ਕਰਤਾ ਆਪਿ ॥ ਕੁਰਬਾਣੁ ਜਾਂਈ ਤੇਰੇ ਪਰਤਾਪ ॥੩॥ ਤੇਰੀ ਕੀਮਤਿ ਤੂਹੈ ਜਾਣਹਿ ॥ ਤੂ ਆਪੇ ਬੂਝਹਿ ਸੁਣਿ ਆਪਿ ਵਖਾਣਹਿ ॥ ਸੇਈ ਭਗਤ ਜੋ ਤੁਧੁ ਭਾਣੇ ॥ ਨਾਨਕ ਤਿਨ ਕੈ ਸਦ ਕੁਰਬਾਣੇ ॥੪॥੨॥੨੦॥ {ਪੰਨਾ 1270}

ਪਦ ਅਰਥ:- ਹਿਰਦੈ—ਹਿਰਦੇ ਵਿਚ। ਵਸਾਏ—ਵਸਾਂਦਾ ਹੈ। ਕਰਿ—ਕਰ ਕੇ। ਪ੍ਰਭਿ—ਪ੍ਰਭੂ ਨੇ। ਕਉ—ਨੂੰ। ਲਾਇ ਲਏ—(ਚਰਨਾਂ ਵਿਚ) ਜੋੜੀ ਰੱਖਦਾ ਹੈ। ਤਾ ਕੀ—ਉਸ (ਪ੍ਰਭੂ) ਦੀ।1।

ਕਰਿ ਕਿਰਪਾ—ਮਿਹਰ ਕਰ। ਪੂਰਨ—ਹੇ ਸਰਬ-ਵਿਆਪਕ! ਸੁਖਦਾਤੇ—ਹੇ ਸੁਖ ਦੇਣ ਵਾਲੇ! ਤੇ—ਤੋਂ, ਦੀ ਰਾਹੀਂ। ਚਿਤਿ—ਚਿੱਤ ਵਿਚ। ਤੇਰੈ ਰੰਗਿ—ਤੇਰੇ (ਪ੍ਰੇਮ-) ਰੰਗ ਵਿਚ। ਰਾਤੇ—ਰੰਗੇ ਰਹਿੰਦੇ ਹਨ।1। ਰਹਾਉ।

ਭਾਣਾ—ਰਜ਼ਾ, ਹੁਕਮ। ਸਾਚਿ—ਸਦਾ-ਥਿਰ ਹਰਿ-ਨਾਮ ਵਿਚ। ਜਪਿ—ਜਪ ਕੇ। ਜੀਵਹਿ—ਆਤਮਕ ਜੀਵਨ ਹਾਸਲ ਕਰਦੇ ਹਨ। ਥਾਉ—ਥਾਂ, ਆਸਰਾ।2।

ਕਰਤੇ ਹੁਕਮੁ—ਕਰਤਾਰ ਦਾ ਹੁਕਮ। ਕਰਤੇ ਰਜਾਇ—ਕਰਤਾਰ ਦੀ ਰਜ਼ਾ। ਭਾਣੈ—ਰਜ਼ਾ ਵਿਚ। ਬਖਸ—ਬਖ਼ਸ਼ਸ਼। ਦੇਇ—ਦੇਂਦਾ ਹੈ। ਦੁਹਾਂ ਸਿਰਿਆਂ ਕਾ—(ਬਖ਼ਸ਼ਸ਼ ਅਤੇ ਸਜ਼ਾ—ਇਹਨਾਂ) ਦੋਹਾਂ ਪਾਸਿਆਂ ਦਾ। ਜਾਂਈ—ਮੈਂ ਜਾਂਦਾ ਹਾਂ।3।

ਤੂ ਹੈ—ਤੂੰ ਹੀ। ਬੂਝਹਿ—ਸਮਝਦਾ ਹੈਂ। ਸੁਣਿ—ਸੁਣ ਕੇ। ਸੇਈ—ਉਹ (ਮਨੁੱਖ) ਹੀ (ਬਹੁ-ਵਚਨ)। ਤੁਧੁ—ਤੈਨੂੰ। ਭਾਣੇ—ਚੰਗੇ ਲੱਗਦੇ ਹਨ। ਤਿਨ ਕੈ—ਉਹਨਾਂ ਤੋਂ। ਸਦ—ਸਦਾ।4।

ਅਰਥ:- ਹੇ ਸਰਬ-ਵਿਆਪਕ! ਹੇ ਸੁਖ ਦੇਣ ਵਾਲੇ ਪ੍ਰਭੂ! ਮਿਹਰ ਕਰ (ਮੇਰੇ ਚਿੱਤ ਵਿਚ ਆ ਵੱਸ), ਤੂੰ ਆਪਣੀ ਮਿਹਰ ਨਾਲ ਹੀ (ਜੀਵਾਂ ਦੇ) ਚਿੱਤ ਵਿਚ ਆਉਂਦਾ ਹੈਂ, (ਜਿਨ੍ਹਾਂ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ, ਉਹ) ਅੱਠੇ ਪਹਰ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ।1। ਰਹਾਉ।

ਹੇ ਭਾਈ! (ਪ੍ਰਭੂ ਦਾ ਸੇਵਕ) ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ (ਇਹ ਭੀ ਪ੍ਰਭੂ ਦੀ ਆਪਣੀ ਹੀ ਮਿਹਰ ਹੁੰਦੀ ਹੈ) ਪ੍ਰਭੂ ਨੇ ਆਪ (ਹੀ) ਮਿਹਰ ਕਰ ਕੇ (ਉਸ ਨੂੰ ਗੁਰੂ ਚਰਨਾਂ ਵਿਚ) ਜੋੜਿਆ ਹੁੰਦਾ ਹੈ। ਹੇ ਭਾਈ! ਪ੍ਰਭੂ ਆਪਣੇ ਸੇਵਕ ਨੂੰ (ਚਰਨਾਂ ਵਿਚ) ਜੋੜੀ ਰੱਖਦਾ ਹੈ, ਉਸ (ਮਾਲਕ ਦਾ) ਵਡੱਪਣ ਬਿਆਨ ਨਹੀਂ ਕੀਤਾ ਜਾ ਸਕਦਾ।1।

ਹੇ ਪ੍ਰਭੂ! ਜਦੋਂ ਤੇਰੀ ਰਜ਼ਾ ਹੁੰਦੀ ਹੈ ਤਦੋਂ ਹੀ ਤੇਰੀ ਸਿਫ਼ਤਿ-ਸਾਲਾਹ ਗਾਈ ਜਾ ਸਕਦੀ ਹੈ ਤੇਰਾ ਨਾਮ ਸੁਣਿਆ ਜਾ ਸਕਦਾ ਹੈ। (ਜਿਹੜਾ ਮਨੁੱਖ ਤੇਰੇ) ਹੁਕਮ ਨੂੰ ਸਮਝਦਾ ਹੈ, ਉਹ (ਤੇਰੇ) ਸਦਾ-ਥਿਰ ਨਾਮ ਵਿਚ ਲੀਨ ਰਹਿੰਦਾ ਹੈ। ਹੇ ਪ੍ਰਭੂ! (ਤੇਰੇ ਸੇਵਕ) ਤੇਰਾ ਨਾਮ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦੇ ਹਨ, ਉਹਨਾਂ ਨੂੰ ਤੈਥੋਂ ਬਿਨਾ ਹੋਰ ਕੋਈ ਸਹਾਰਾ ਨਹੀਂ ਹੁੰਦਾ।2।

ਹੇ ਭਾਈ! ਇਹ ਕਰਤਾਰ ਦਾ ਹੁਕਮ ਹੈ ਕਰਤਾਰ ਦੀ ਰਜ਼ਾ ਹੈ (ਕਦੇ) ਦੁੱਖ (ਕਦੇ) ਸੁਖ (ਦੇਂਦਾ ਹੈ)। ਆਪਣੀ ਰਜ਼ਾ ਵਿਚ (ਕਿਸੇ ਉੱਤੇ) ਬਖ਼ਸ਼ਸ਼ (ਕਰਦਾ ਹੈ, ਕਿਸੇ ਨੂੰ) ਸਜ਼ਾ ਦੇਂਦਾ ਹੈ। (ਬਖ਼ਸ਼ਸ਼ ਅਤੇ ਸਜ਼ਾ—ਇਹਨਾਂ) ਦੋਹਾਂ

ਪਾਸਿਆਂ ਦਾ ਕਰਤਾਰ ਆਪ ਹੀ ਮਾਲਕ ਹੈ। ਹੇ ਪ੍ਰਭੂ! ਤੇਰੇ (ਇਤਨੇ ਵੱਡੇ) ਪਰਤਾਪ ਤੋਂ ਮੈਂ ਸਦਕੇ ਜਾਂਦਾ ਹਾਂ।3।

ਹੇ ਪ੍ਰਭੂ! (ਤੂੰ ਕਿਤਨਾ ਵੱਡਾ ਹੈਂ—ਆਪਣੀ ਇਹ) ਕੀਮਤ ਤੂੰ ਆਪ ਹੀ ਜਾਣਦਾ ਹੈਂ। ਤੂੰ ਆਪ ਹੀ (ਆਪਣੀ ਰਜ਼ਾ ਨੂੰ) ਸਮਝਦਾ ਹੈਂ, (ਆਪਣੇ ਹੁਕਮ ਨੂੰ) ਸੁਣ ਕੇ ਤੂੰ ਆਪ ਹੀ (ਉਸ ਦੀ) ਵਿਆਖਿਆ ਕਰਦਾ ਹੈਂ। ਹੇ ਪ੍ਰਭੂ! ਉਹੀ ਮਨੁੱਖ ਤੇਰੇ (ਅਸਲ) ਭਗਤ ਹਨ ਜਿਹੜੇ ਤੈਨੂੰ ਚੰਗੇ ਲੱਗਦੇ ਹਨ। ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ।4।2। 20।